**ਪੰਜਾਬ ਸਕੂਲ ਸਿੱਖਿਆ ਬੋਰਡ**

ਸਾਹਿਬਜ਼ਾਦਾ ਅਜੀਤ ਸਿੰਘ ਨਗਰ -160062

(ਕਾਰਜ ਸੰਚਾਲਨ ਸ਼ਾਖਾ)

ਨੰ.ਪਸਸਬ-ਕਸ-2026/2683

ਮਿਤੀ 02/02/2026

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰ.ਸਿੱਖਿਆ),
ਪੰਜਾਬ।

ਵਿਸ਼ਾ: **ਦਸਵੀਂ/ ਬਾਰ੍ਹਵੀਂ ਸ਼੍ਰੇਣੀ ਪ੍ਰੀਖਿਆ ਫਰਵਰੀ/ਮਾਰਚ 2026 ਦੀਆਂ ਸਲਾਨਾ ਪ੍ਰੀਖਿਆਵਾਂ (ਸਮੇਤ ਓਪਨ ਸਕੂਲ) ਦੇ ਸੰਚਾਲਨ ਸਬੰਧੀ।**

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਅਤੇ ਬਾਰਵੀਂ ਸ਼੍ਰੇਣੀ ਦੀਆਂ ਪ੍ਰੀਖਿਆਵਾਂ ਮਿਤੀ 17-02-2026 ਤੋਂ 04-04-2026 ਤੱਕ ਸਵੇਰੇ 11.00 ਵਜੇ ਤੋਂ ਬੋਰਡ ਵੱਲੋਂ ਸਥਾਪਿਤ ਕੀਤੇ ਪ੍ਰੀਖਿਆ ਕੇਂਦਰਾਂ ਵਿਖੇ ਕਰਵਾਈਆਂ ਜਾ ਰਹੀਆਂ ਹਨ। ਬਾਰ੍ਹਵੀਂ ਦੀ ਪ੍ਰੀਖਿਆ ਨਾਲ ਸਬੰਧਤ ਪ੍ਰਸ਼ਨ ਪੱਤਰ (ਸਮੇਤ ਡੀ.ਏ. ਕੋਡ) ਅਤੇ ਕੇਂਦਰ ਸੁਪਰਡੰਟ ਦੇ ਪੈਕਟ Lot-1 (ਅੰਮ੍ਰਿਤਸਰ, ਬਠਿੰਡਾ, ਫਾਜਿਲਕਾ, ਫਿਰੋਜ਼ਪੁਰ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਲੁਧਿਆਣਾ, ਪਟਿਆਲਾ, ਸੰਗਰੂਰ ਅਤੇ ਤਰਨ-ਤਾਰਨ) ਮਿਤੀ 09-02-2026 ਨੂੰ ਮੁੱਖ ਦਫਤਰ ਤੋਂ ਭੇਜੇ ਜਾਣਗੇ। Lot-2 (ਬਰਨਾਲਾ, ਫਰੀਦਕੋਟ, ਫਤਿਹਗੜ੍ਹ ਸਾਹਿਬ, ਕਪੂਰਥਲਾ, ਮਲੇਰਕੋਟਲਾ, ਮਾਨਸਾ, ਮੋਗਾ, ਸ੍ਰੀ ਮੁਕਤਸਰ ਸਹਿਬ, ਪਠਾਨਕੋਟ, ਰੋਪੜ, ਐਸ.ਏ.ਐਸ ਨਗਰ, ਐਸ.ਬੀ.ਐਸ) ਮਿਤੀ 10-02-2026 ਨੂੰ ਮੁੱਖ ਦਫਤਰ ਤੋਂ ਭੇਜੇ ਜਾਣਗੇ। ਇਹ ਪ੍ਰਸ਼ਨ ਪੱਤਰ ਜ਼ਿਲ੍ਹਾ ਮੈਨੇਜ਼ਰ,ਖੇਤਰੀ ਦਫਤਰ ,ਕਰਮਚਾਰੀਆਂ ਰਾਹੀਂ ਪ੍ਰਿੰਸੀਪਲ ਕਮ ਕੇਂਦਰ ਕੰਟਰੋਲਰ ਨੂੰ ਮਿਤੀ 10-02-2026 ਤੋਂ 13-02-2026 ਤੱਕ ਸੌਂਪਣ ਉਪਰੰਤ ਬੈਂਕਾਂ ਦੀ ਸੇਫ ਕਸਟੱਡੀ ਵਿੱਚ ਰੱਖੇ ਜਾਣੇ ਹਨ।

ਦਸਵੀਂ ਸ਼੍ਰੇਣੀ ਨਾਲ ਸਬੰਧਤ ਸਮੂਹ ਜ਼ਿਲ੍ਹਿਆਂ ਦੇ ਪ੍ਰਸ਼ਨ ਪੱਤਰ (ਸਮੇਤ ਡੀ.ਏ. ਕੋਡ) ਅਤੇ ਕੇਂਦਰ ਸੁਪਰਡੰਟ ਦੇ ਪੈਕਟ ਮਿਤੀ 28-02-2026 ਦਿਨ ਸ਼ਨੀਵਾਰ ਨੂੰ ਮੁੱਖ ਦਫਤਰ ਤੋਂ ਭੇਜੇ ਜਾਣਗੇ। ਇਹ ਪ੍ਰਸ਼ਨ ਪੱਤਰ ਜ਼ਿਲ੍ਹਾ ਮੈਨੇਜ਼ਰ ,ਖੇਤਰੀ ਦਫਤਰ ,ਕਰਮਚਾਰੀਆਂ ਰਾਹੀਂ ਪ੍ਰਿੰਸੀਪਲ ਕਮ ਕੇਂਦਰ ਕੰਟਰੋਲਰ ਨੂੰ ਮਿਤੀ 02-03-2026 ਤੋਂ 05-03-2026 ਤੱਕ ਸੌਂਪਣ ਉਪਰੰਤ ਬੈਂਕਾਂ ਦੀ ਸੇਫ ਕਸਟੱਡੀ ਵਿੱਚ ਰੱਖੇ ਜਾਣੇ ਹਨ।ਪੰਜਾਬ ਸਰਕਾਰ ਅਤੇ ਬੋਰਡ, ਪ੍ਰੀਖਿਆਵਾਂ ਨਕਲ ਰਹਿਤ ਕਰਵਾਉਣ ਲਈ ਵਚਨ-ਬੱਧ ਹੈ। ਇਸ ਕਾਰਜ ਲਈ ਆਪ ਦੇ ਸਹਿਯੋਗ ਦੀ ਅਤਿ ਜ਼ਰੂਰਤ ਹੈ।

**ਪ੍ਰੀਖਿਆ ਸੁਚੱਜੇ ਢੰਗ ਨਾਲ ਕਰਵਾਉਣ ਲਈ ਹੇਠ ਲਿਖੇ ਅਨੁਸਾਰ ਪੁਖਤਾ ਪ੍ਰਬੰਧ ਕਰਵਾਏ ਜਾਣ:-**

1. ਜੇਕਰ ਪ੍ਰੀਖਿਆ ਦੌਰਾਨ ਕਿਸੇ ਵੀ ਤਰ੍ਹਾਂ ਦੀ ਮਹਾਂਮਾਰੀ ਦੇ ਕਾਰਨਾਂ ਕਰਕੇ ਅਣ-ਸੁਖਾਵਾਂ ਮਾਹੌਲ ਪੈਦਾ ਹੁੰਦਾ ਹੈ ਤਾਂ ਸਰਕਾਰ ਵੱਲੋਂ ਜਾਰੀ ਕੀਤੀਆਂ ਜਾਣ ਵਾਲੀਆਂ ਹਦਾਇਤਾਂ ਡਾਊਨਲੋਡ ਕੀਤੀਆਂ ਜਾਣ ਅਤੇ ਇਨ੍ਹਾਂ ਦੀ ਪਾਲਣਾ ਕੀਤੀ ਜਾਵੇ।
2. ਸੀਟਿੰਗ ਪਲਾਨ 28 ਪ੍ਰੀਖਿਆਰਥੀ ਪ੍ਰਤੀ ਕਮਰੇ ਦੇ ਹਿਸਾਬ ਨਾਲ ਹੀ ਤਿਆਰ ਕਰਵਾਇਆ ਜਾਵੇ।
3. ਪ੍ਰੀਖਿਆ ਕੇਂਦਰ ਵਿੱਚ ਪ੍ਰਸ਼ਨ ਪੱਤਰ ਪਹੁੰਚਾਉਣਾ ਕੇਂਦਰ ਕੰਟਰੋਲਰ ਦੀ ਜ਼ਿੰਮੇਵਾਰੀ ਹੋਵੇਗੀ।
4. ਸੁਪਰਡੰਟ ਅਤੇ ਡਿਪਟੀ ਸੁਪਰਡੰਟ ਪ੍ਰੀਖਿਆ ਕੇਂਦਰ ਵਿੱਚ ਆਪ ਵੱਲੋਂ ਭੇਜੇ ਪੈਨਲ ਵਿਚੋਂ ਤਾਇਨਾਤ ਕੀਤੇ ਜਾਣਗੇ। ਨਿਗਰਾਨ ਅਮਲਾ ਸਬੰਧਤ ਸਕੂਲ ਦਾ ਹੀ ਹੋਵੇਗਾ। ਸੁਪਰਡੰਟ ਨੂੰ ਮਿਹਨਤਾਨੇ ਦੀ ਅਦਾਇਗੀ ਕੀਤੀ ਜਾਵੇਗੀ। ਡਿਪਟੀ ਸੁਪਰਡੰਟ ਅਤੇ ਨਿਗਰਾਨ ਅਮਲੇ ਨੂੰ ਕੋਈ ਅਦਾਇਗੀ ਨਹੀਂ ਕੀਤੀ ਜਾਵੇਗੀ।
5. ਜੇਕਰ ਕਿਸੇ ਪ੍ਰੀਖਿਆ ਕੇਂਦਰ ਵਿੱਚ ਸਟਾਫ / ਫਰਨੀਚਰ ਦੀ ਘਾਟ ਹੈ ਤਾਂ ਉਸਨੂੰ ਪੂਰਾ ਕਰਵਾਇਆ ਜਾਵੇ।
6. ਪ੍ਰੀਖਿਆਰਥੀਆਂ ਲਈ ਪ੍ਰੀਖਿਆ ਕੇਂਦਰ ਵਿੱਚ ਇੱਕ ਘੰਟਾ ਪਹਿਲਾਂ ਪਹੁੰਚਣਾ ਲਾਜ਼ਮੀ ਕੀਤਾ ਗਿਆ ਹੈ।
7. ਸਕੂਲ ਲਾਗਇੰਨ ਤੇ ਪ੍ਰੀਖਿਆਰਥੀਆਂ ਸਬੰਧੀ ਡਾਟਾ ਉਪਲੱਬਧ ਕਰਵਾਇਆ ਗਿਆ ਹੈ। ਕੇਂਦਰ ਕੰਟਰੋਲਰ ਵੱਲੋਂ ਕੇਂਦਰ ਸੁਪਰਡੰਟ ਨੂੰ ਡਾਟਾ, ਪੱਤਰ, ਹਦਾਇਤਾਂ, ਹਸਤਾਖਰ ਚਾਰਟ, ਕੱਟ ਲਿਸਟ ਆਦਿ ਡਾਊਨਲੋਡ ਕਰਕੇ ਉਪਲੱਬਧ ਕਰਵਾਉਣ ਦੀ ਹਦਾਇਤ ਕੀਤੀ ਜਾਵੇ।
8. ਪ੍ਰਸ਼ਨ ਪੱਤਰਾਂ ਦੀ ਘਾਟ ਸਬੰਧੀ ਡੇਟਸ਼ੀਟ ਵਿੱਚ ਦਰਜ਼ ਫੋਨ ਨੰਬਰਾਂ ਤੇ ਸੰਪਰਕ ਕੀਤਾ ਜਾਵੇ।
9. ਪ੍ਰਸ਼ਨ ਪੱਤਰ ਅਤੇ ਉੱਤਰ ਪੱਤਰੀਆਂ ਦੀ ਮੋਨੀਟਰਿੰਗ ਅਤੇ ਟਰੈਕਿੰਗ ਲਈ ਮੋਬਾਇਲ ਐਪ PSEB-MATQ ਦੀ ਵਰਤੋਂ ਕਰਦੇ ਸਮੇਂ ਜੇਕਰ ਕਿਸੇ ਕਿਸਮ ਦੀ ਕੋਈ ਦਿੱਕਤ ਪੇਸ਼ ਆਉਂਦੀ ਹੈ ਤਾਂ ਨਾਲ ਨੱਥੀ ਸੂਚੀ ਵਿੱਚ ਦਰਜ਼ ਜ਼ਿਲ੍ਹੇ ਨਾਲ ਸਬੰਧਤ ਸੁਪਰਡੰਟ /ਜ਼ਿਲ੍ਹਾ ਡੀਲਿੰਗ ਨਾਲ ਸੰਪਰਕ ਕੀਤਾ ਜਾ ਸਕਦਾ ਹੈ।
10. ਪ੍ਰੀਖਿਆ ਤੋਂ ਇੱਕ ਦਿਨ ਪਹਿਲਾਂ ਸਾਰੇ ਪ੍ਰਬੰਧ ਮੁਕੰਮਲ ਕਰਵਾਏ ਜਾਣ।
11. ਨਵੀਆਂ ਹਦਾਇਤਾਂ ਅਤੇ ਪ੍ਰੀਖਿਆਵਾਂ ਸਬੰਧੀ ਹਰ ਰੋਜ਼ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਵੈਬਸਾਈਟ www.pseb.ac.in ਅਤੇ ਸਕੂਲ ਲਾਗ-ਇੰਨ ਆਈ.ਡੀ. ਚੈੱਕ ਕਰਨ ਦੀ ਹਦਾਇਤ ਕੀਤੀ ਜਾਵੇ।

CamScanner

12. ਨਕਲ ਦੀ ਪ੍ਰਵਿਰਤੀ ਤੇ ਕਾਬੂ ਪਾਉਣ ਲਈ ਪ੍ਰੀਖਿਆ ਕੇਂਦਰਾਂ ਦੀ ਨਿਰਵਿਘਨ ਚੈਕਿੰਗ ਕਰਨੀ ਯਕੀਨੀ ਬਣਾਈ ਜਾਵੇ।
13. ਕੇਂਦਰ ਕੰਟਰੋਲਰ ਨੂੰ ਹਦਾਇਤ ਕਰ ਦਿੱਤੀ ਜਾਵੇ ਕਿ ਹਰ ਰੋਜ਼ ਪ੍ਰੀਖਿਆ ਸ਼ੁਰੂ ਹੋਣ ਤੋਂ ਪਹਿਲਾਂ ਕਲਾਸ ਵਾਈਜ਼, ਡੇਟਸ਼ੀਟ ਤੇ ਦਰਜ਼ ਵਿਸ਼ੇ/ ਕੋਡ ਨੰਬਰ ਅਤੇ ਮਿਤੀ ਅਨੁਸਾਰ ਪ੍ਰਸ਼ਨ ਪੱਤਰਾਂ ਦੀਆਂ ਸੀਲਾਂ ਚੈੱਕ ਕਰਕੇ ਪ੍ਰਸ਼ਨ ਪੱਤਰ ਕੇਂਦਰ ਸੁਪਰਡੰਟ ਨੂੰ ਰਸੀਵ ਕਰਵਾਏ ਜਾਣ।

ਨੋਥੀ :- ਕੰਡਕਟ ਸ਼ਾਖਾ ਦੀ ਕੰਸੋਲੀਡੇਸ਼ਨ ਨਾਲ ਸਬੰਧਤ ਸੁਪਰਡੰਟ ਅਤੇ ਡੀਲਿੰਗ ਸਹਾਇਕਾਂ ਦੇ ਮੋਬਾਇਲ ਨੰਬਰ।

(ਦਸਤਖਤ)
ਸਹਾਇਕ ਸਕੱਤਰ
ਵਾ:ਸਕੱਤਰ,ਪੰਜਾਬ ਸਕੂਲ ਸਿੱਖਿਆ ਬੋਰਡ ।

ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਂ/ਸਿ) ਬਠਿੰਡਾ

ਪਿੱਠ ਅੰਕਣ ਨੰ: ਅ-7/1(3)/2026/868 ਮਿਤੀ: 05/02/26

ਪੱਤਰ ਨੰ.1 ਅਤੇ 2 ਦਾ ਉਤਾਰਾ ਜ਼ਿਲ੍ਹਾ ਬਠਿੰਡਾ ਦੇ ਸਹਸ ਅਤੇ ਸਸਸਸ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਸ ਪੱਤਰ ਦੀ ਇੰਨ ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ਅਤੇ ਇਸ ਵਿੱਚ ਕਿਸੇ ਤਰ੍ਹਾਂ ਦੀ ਅਣਗਿਹਲੀ ਨਾ ਵਰਤੀ ਜਾਵੇ।

(ਦਸਤਖਤ) 05/02/26
ਉਪ ਜ਼ਿ. ਸਿ. ਅ (ਸੈਂ/ਸਿ)
ਬਠਿੰਡਾ
Pardeepkaur
5/2/26

CS CamScanner